# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :07-01-2026**

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਏ ਕਿ ਗਾਤਾਰ ਵੱਧ ਰਹੀ ਠੰਢ ਅਤੇ ਧੁੰਦ ਨੂੰ ਦੇਖਦਿਆਂ ਪੰਜਾਬ ਦੇ ਸਾਰੇ ਸਰਕਾਰੀ, ਸਹਾਇਤਾ ਪ੍ਰਾਪਤ, ਮਾਨਤਾ ਪ੍ਰਾਪਤ ਅਤੇ ਨਿੱਜੀ ਸਕੂਲਾਂ ਵਿੱਚ 13 ਜਨਵਰੀ ਤੱਕ ਛੁੱਟੀਆਂ ਰਹਿਣਗੀਆਂ। ਹੁਣ ਸੂਬੇ ਦੇ ਸਾਰੇ ਸਕੂਲ 14 ਜਨਵਰੀ ਤੋਂ ਆਮ ਦਿਨਾਂ ਵਾਂਗ ਖੁੱਲ੍ਹਣਗੇ।

---------------------------------------------------------------------------

ਐਂਟੀ-ਗੈਂਗਸਟਰ ਟਾਸਕ ਫੋਰਸ (AGTF) ਤੇ ਤਰਨਤਾਰਨ ਜ਼ਿਲ੍ਹੇ ਦੇ ਸੀ.ਆਈ.ਏ. ਸਟਾਫ ਵੱਲੋਂ ਕੱਲ੍ਹ ਕੀਤੀ ਇਕ ਸਾਂਝੀ ਕਾਰਵਾਈ ਦੌਰਾਨ ਪਿੰਡ ਵਲਟੋਹਾ ਸੰਧੂਆ ਦੇ ਸਰਪੰਚ ਝਰਮਲ ਸਿੰਘ ਦੇ ਕਤਲ ਦੀ ਯੋਜਨਾ ਬਣਾਉਣ ਵਿੱਚ ਕਥਿਤ ਤੌਰ 'ਤੇ ਸ਼ਾਮਲ ਗੈਂਗਸਟਰ ਪੁਲਿਸ ਮੁਕਾਬਲੇ ਦੌਰਾਨ ਮਾਰਿਆ ਗਿਆ। ਮਾਰੇ ਗਏ ਗੈਂਗਸਟਰ ਦੀ ਪਛਾਣ ਹਰਨੂਰ ਸਿੰਘ ਨੂਰ ਵਜੋਂ ਹੋਈ ਏ, ਜਿਹੜਾ ਕਿ ਅੰਮ੍ਰਿਤਸਰ ਜ਼ਿਲ੍ਹੇ ਦੇ

ਕੱਥੂਨੰਗਲ ਦਾ ਵਸਨੀਕ ਸੀ। ਪੁਲਿਸ ਮੁਕਾਬਲੇ ਦੌਰਾਨ, ਗੈਂਗਸਟਰ ਨੇ ਸਿਪਾਹੀ 'ਤੇ ਵੀ ਗੋਲੀ ਚਲਾਈ ਪਰ ਬੁਲੇਟ ਪਰੂਫ਼ ਜੈਕੇਟ ਪਹਿਨਣ ਕਾਰਨ ਸਿਪਾਹੀ ਵਾਲ-ਵਾਲ ਬੱਚ ਗਿਆ। ਡੀ.ਆਈ.ਜੀ. ਫਿਰੋਜ਼ਪੁਰ ਰੇਂਜ, ਸਨੇਹਦੀਪ ਸ਼ਰਮਾ ਨੇ ਕਿਹਾ ਕਿ ਹਰਨੂਰ ਸਿੰਘ ਕੁਝ ਖੂੰਖਾਰ ਗੈਂਗਸਟਰਾਂ ਦਾ ਸਾਥੀ ਸੀ।

---------------------------------------------------------------------------

ਪੰਜਾਬ ਵਿਚ ਜੰਗਲੀ ਜੀਵਾਂ ਬਾਰੇ ਜਾਣਨ ਦੀ ਦਿਲਚਸਪੀ ਵਧਣ ਸਦਕਾ ਛੱਤਬੀੜ ਚਿੜੀਆਘਰ ਵਿੱਚ ਆਉਣ ਵਾਲੇ ਵਿਦਿਆਰਥੀਆਂ, ਖ਼ਾਸਕਰ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਤੇ ਸੂਬੇ ਦੇ ਲੋਕਾਂ ਦੀ ਆਮਦ ਵਿੱਚ ਵੱਡਾ ਵਾਧਾ ਦੇਖਣ ਨੂੰ ਮਿਲਿਆ ਏ। ਜਨਵਰੀ ਤੋਂ ਦਸੰਬਰ 2025 ਤੱਕ 5 ਲੱਖ ਤੋਂ ਵੱਧ ਲੋਕ, ਛੱਤਬੀੜ ਚਿੜੀਆਘਰ ਦਾ ਦੌਰਾ ਕਰ ਚੁੱਕੇ ਨੇ। ਇਨ੍ਹਾਂ ਵਿੱਚੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਗਿਣਤੀ 62 ਹਜ਼ਾਰ ਤੋਂ ਵੱਧ ਏ। ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਦੇ ਬੁਲਾਰੇ ਨੇ ਦੱਸਿਆ ਏ ਕਿ ਬੀਤੇ ਸਾਲ ਪ੍ਰਾਈਵੇਟ ਪ੍ਰਾਇਮਰੀ ਸਕੂਲਾਂ ਦੇ 18000 ਤੋਂ ਵੱਧ ਅਤੇ ਪ੍ਰਾਈਵੇਟ ਹਾਈ ਸਕੂਲਾਂ ਦੇ 16000 ਤੋਂ ਵੱਧ ਵਿਦਿਆਰਥੀ, ਛੱਤਬੀੜ ਚਿੜੀਆਘਰ ਦੇਖਣ ਪੁੱਜੇ ਸਨ। 1977 ਵਿੱਚ ਵਜੂਦ ਵਿੱਚ ਆਏ, ਛੱਤਬੀੜ ਚਿੜੀਆਘਰ ਵਿਚ ਦੇਸ਼ ਦਾ ਸਭ ਤੋਂ ਵੱਡਾ

ਪਿੰਜਰਾ ਮੌਜੂਦ ਏ, ਜਿੱਥੇ ਸੈਲਾਨੀ ਪੰਛੀਆਂ ਨੂੰ ਦੇਖ ਸਕਦੇ ਨੇ ਤੇ ਇੱਥੇ ਅਤਿ-ਆਧੁਨਿਕ ਡਾਇਨਾਸੌਰ ਪਾਰਕ ਵੀ ਏ ਅਤੇ ਲਗਭਗ 1200 ਮੀਟਰ ਵਿਚ ਵਾਈਲਡਲਾਈਫ ਸਫ਼ਾਰੀ ਖੇਤਰ ਮੌਜੂਦ ਏ। -

------------------------------------------------------------------------

ਮੋਹਾਲੀ ਦੇ ਸਪੈਸ਼ਲ ਆਪ੍ਰੇਸ਼ਨ ਸੈੱਲ ਨੇ ਇਕ ਅਹਿਮ ਕਾਰਵਾਈ ਦੌਰਾਨ ਕਾਊਂਟਰ ਇੰਟੈਲੀਜੈਂਸ ਲੁਧਿਆਣਾ ਨਾਲ ਤਾਲਮੇਲ ਕਰ ਕੇ ਲੁਧਿਆਣਾ ਦੇ 2 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ, ਜਿਹੜੇ ਕਿ ਆਪਣੇ ਵਿਦੇਸ਼ੀ ਹੈਂਡਲਰਾਂ ਦੀਆਂ ਹਦਾਇਤਾਂ ਉੱਤੇ ਟਾਰਗੇਟ ਕਿਲਿੰਗ ਦੀ ਯੋਜਨਾ ਬਣਾ ਰਹੇ ਸਨ। ਮੁਲਜ਼ਮਾਂ ਦੇ ਕਬਜ਼ੇ ਵਿੱਚੋਂ ਇੱਕ ਪਿਸਤੌਲ ਅਤੇ 5 ਜ਼ਿੰਦਾ ਕਾਰਤੂਸ ਬਰਾਮਦ ਹੋਏ ਨੇ। ਪੁਲਿਸ ਸੂਤਰਾਂ ਮੁਤਾਬਕ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਖਾਲਿਸਤਾਨ ਕਮਾਂਡੋ ਫੋਰਸ (ਕੇ.ਸੀ.ਐੱਫ.) ਨਾਲ ਸਬੰਧਤ ਯੂ.ਕੇ. ਅਤੇ ਜਰਮਨੀ ਸਥਿਤ ਹੈਂਡਲਰਾਂ ਦੇ ਸੰਪਰਕ ਵਿਚ ਸਨ। ਗ੍ਰਿਫ਼ਤਾਰ ਕੀਤੇ ਦੋਵਾਂ ਮੁਲਜ਼ਮਾਂ ਨੇ ਇਕ ਸਾਜ਼ਿਸ਼ ਦੇ ਹਿੱਸੇ ਵਜੋਂ ਲੁਧਿਆਣਾ ਵਿੱਚ ਸਰਕਾਰੀ ਅਤੇ ਪ੍ਰਮੁੱਖ ਦਫਤਰਾਂ ਦੀ ਰੈਕੀ ਕੀਤੀ ਸੀ। ਇਸ ਸਬੰਧ ਵਿਚ ਮਾਮਲਾ ਦਰਜ ਕਰ ਲਿਆ ਗਿਆ ਏ ਤੇ ਅਗਲੇਰੀ ਤਫਤੀਸ਼ ਜਾਰੀ ਏ।

---------------------------------------------------------------------------

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਤੋਂ ਵਿਧਾਇਕ ਸ੍ਰੀ ਜੈ ਕ੍ਰਿਸ਼ਨ ਸਿੰਘ ਰੋੜੀ ਨੇ ਕੱਲ੍ਹ  ਵੱਖ-ਵੱਖ ਪਿੰਡਾਂ ਵਿਚ ਨਵੀਂਆਂ ਤਿਆਰ ਕੀਤੀਆਂ ਸੰਪਰਕ  ਸੜਕਾਂ ਦਾ ਰਸਮੀ ਉਦਘਾਟਨ ਕੀਤਾ। ਇਸ ਮੌਕੇ ਡਿਪਟੀ ਸਪੀਕਰ ਰੋੜੀ ਨੇ ਦੱਸਿਆ ਕਿ ਘਾਗੋਂ ਰੋੜਾਂਵਾਲੀ, ਭੰਮੀਆਂ, ਮਹਿਤਾਬਪੁਰ, ਦੁੱਗਰੀ, ਪੁਰਖੋਵਾਲ  ਦੇ ਨਾਲ-ਨਾਲ 28 ਪਿੰਡਾਂ ਦੀਆਂ ਲਿੰਕ ਸੜਕਾਂ ਬਣਾਈਆਂ ਗਈਆਂ ਨੇ। ਇਸ ਨਾਲ ਕਿਸਾਨਾਂ ਨੂੰ ਆਪਣੀ ਫ਼ਸਲ ਮੰਡੀਆਂ ਤੱਕ ਲੈ ਕੇ ਜਾਣ ਵਿੱਚ ਆਸਾਨੀ ਹੋਵੇਗੀ ਅਤੇ  ਵਿਦਿਆਰਥੀਆਂ ਤੇ ਲੋਕਾਂ ਦਾ ਸਮਾਂ ਤੇ ਖ਼ਰਚਾ ਦੋਵੇਂ ਬਚਣਗੇ।

---------------------------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕੱਲ੍ਹ  ਲੁਧਿਆਣਾ ਦੇ ਗੁਰੂ ਨਾਨਕ ਸਟੇਡੀਅਮ ਵਿਚ 69ਵੀਆਂ ਰਾਸ਼ਟਰੀ ਸਕੂਲ ਖੇਡਾਂ ਦੀ ਰਸਮੀ ਸ਼ੁਰੂਆਤ ਕਰਵਾਈ। 16 ਜਨਵਰੀ ਤੱਕ ਚੱਲਣ ਵਾਲੀਆਂ ਖੇਡਾਂ ਵਿੱਚ ਕੇਂਦਰੀ ਵਿਦਿਆਲਿਆ, ਨਵੋਦਿਆ ਵਿਦਿਆਲਿਆ ਅਤੇ ਵਿੱਦਿਆ ਭਾਰਤੀ ਸਕੂਲਾਂ ਸਮੇਤ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਅਤੇ ਹੋਰ ਸਿੱਖਿਆ ਸੰਸਥਾਵਾਂ ਦੇ ਖਿਡਾਰੀ ਹਿੱਸਾ ਲੈ ਰਹੇ ਨੇ। ਸਿੱਖਿਆ ਮੰਤਰੀ ਬੈਂਸ ਨੇ ਕਿਹਾ

ਕਿ ਇਨ੍ਹਾਂ ਖੇਡਾਂ ਦੌਰਾਨ ਜੂਡੋ ਅੰਡਰ-14 (ਲੜਕੇ ਤੇ ਲੜਕੀਆਂ), ਤਾਈਕਵਾਂਡੋ ਅੰਡਰ-14 (ਲੜਕੀਆਂ) ਅਤੇ ਗੱਤਕਾ ਅੰਡਰ-19 (ਲੜਕੇ ਤੇ ਲੜਕੀਆਂ) ਦੇ ਮੁਕਾਬਲੇ ਹੋਣਗੇ। ਇਹ ਖੇਡ ਮੁਕਾਬਲੇ ਸਥਾਨਕ ਬੀ.ਸੀ.ਐੱਮ. ਆਰੀਆ ਮਾਡਲ ਸੀਨੀਅਰ ਸੈਕੰਡਰੀ ਸਕੂਲ, ਸ਼ਾਸਤਰੀ ਨਗਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੀ.ਏ.ਯੂ, ਲੁਧਿਆਣਾ ਅਤੇ ਓਪਨ ਏਅਰ ਥੀਏਟਰ ਪੀ.ਏ.ਯੂ,  ਲੁਧਿਆਣਾ ਸਮੇਤ ਵੱਖ-ਵੱਖ ਥਾਵਾਂ ’ਤੇ ਕਰਵਾਏ ਜਾਣਗੇ। ਮੰਤਰੀ ਨੇ ਦੱਸਿਆ ਕਿ ਇਨ੍ਹਾਂ ਰਾਸ਼ਟਰੀ ਖੇਡਾਂ ਵਿਚ ਪੂਰੇ ਪੰਜਾਬ, ਜੰਮੂ-ਕਸ਼ਮੀਰ, ਲੱਦਾਖ, ਆਂਧਰਾ ਪ੍ਰਦੇਸ਼, ਉੱਤਰ-ਪੂਰਬੀ ਸੂਬਿਆਂ ਤੋਂ 1000 ਤੋਂ ਵੱਧ ਖਿਡਾਰੀ ਪੁੱਜੇ ਨੇ।

------------------------------------------------------------------------

ਇਸ ਦੇ ਨਾਲ ਹੀ ਪ੍ਰਦੇਸ਼ਿਕ ਖ਼ਬਰਾਂ ਖ਼ਤਮ ਹੋਈਆਂ

ਰਾਸ਼ਟਰੀ ਖ਼ਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ, 1 ਵੱਜ ਕੇ 40 ਮਿੰਟ ਤੇ... ਨਮਸਕਾਰ